# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ:02-06-2025**

ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਖੇਤੀਬਾੜੀ ਦੇਸ਼ ਦੀ ਆਰਥਿਕਤਾ ਦੀ ਸਭ ਤੋਂ ਵੱਡੀ ਤਾਕਤ ਏ। ਨਵੀਂ ਦਿੱਲੀ ਵਿੱਚ ਪੰਡਿਤ ਦੀਨਦਿਆਲ ਉਪਾਧਿਆਏ ਦੇ ਅਟੁੱਟ ਮਾਨਵਵਾਦ ਭਾਸ਼ਣਾਂ ਦੇ 60 ਸਾਲਾਂ 'ਤੇ ਰਾਸ਼ਟਰੀ ਯਾਦਗਾਰੀ ਸੈਮੀਨਾਰ ਨੂੰ ਸੰਬੋਧਨ ਕਰਦਿਆਂ, ਸ੍ਰੀ ਚੌਹਾਨ ਨੇ ਪੇਂਡੂ ਗਰੀਬੀ ਵਿੱਚ ਉਤਸ਼ਾਹਜਨਕ ਗਿਰਾਵਟ ਅਤੇ ਦੇਸ਼ ਦੇ ਲੋਕਾਂ ਦੇ ਜੀਵਨ ਪੱਧਰ ਵਿੱਚ ਸਕਾਰਾਤਮਕ ਤਬਦੀਲੀਆਂ 'ਤੇ ਚਾਨਣਾ ਪਾਇਆ। ਉਨ੍ਹਾਂ ਜ਼ਿਕਰ ਕੀਤਾ ਕਿ ਲਖਪਤੀ ਦੀਦੀ ਯੋਜਨਾ ਮਹਿਲਾ ਸ਼ਕਤੀਕਰਨ ਲਈ ਇੱਕ ਵੱਡੀ ਮੁਹਿੰਮ ਸਾਬਤ ਹੋਈ ਏ। ਖੇਤੀਬਾੜੀ ਖੇਤਰ ਵਿੱਚ ਤਰੱਕੀ 'ਤੇ ਚਰਚਾ ਕਰਦੇ ਹੋਏ, ਕੇਂਦਰੀ ਮੰਤਰੀ ਨੇ ਸਾਂਝਾ ਕੀਤਾ ਕਿ ਹਾਲ ਹੀ ਵਿੱਚ ਝੋਨੇ ਦੀਆਂ ਦੋ ਨਵੀਆਂ ਕਿਸਮਾਂ ਵਿਕਸਤ ਕੀਤੀਆਂ ਗਈਆਂ ਨੇ, ਜੋ ਕਿ ਝਾੜ ਵਿੱਚ 30 ਫੀਸਦੀ ਵਾਧਾ ਕਰਨਗੀਆਂ, 20 ਫੀਸਦੀ ਘੱਟ ਪਾਣੀ ਦੀ ਲੋੜ ਹੋਵੇਗੀ, ਅਤੇ 20 ਦਿਨ ਪਹਿਲਾਂ ਪੱਕਣਗੀਆਂ। ਸ੍ਰੀ ਚੌਹਾਨ ਨੇ ਇਹ ਵੀ

ਕਿਹਾ ਕਿ ਭਾਰਤ ਇੱਕ ਰਾਸ਼ਟਰ ਵਜੋਂ ਸੱਭਿਆਚਾਰਕ ਵਿਰਸੇ ਅਤੇ ਆਧੁਨਿਕਤਾ ਦੇ ਸੁਮੇਲ ਨਾਲ ਅੱਗੇ ਵਧੇਗਾ ।

---------------------------------------------------------------

ਦੇਸ਼ ਭਰ ਵਿੱਚ ਕੋਵਿਡ-19 ਦੇ ਤਿੰਨ ਹਜ਼ਾਰ ਨੌਂ ਸੌ ਸੱਠ ਤੋਂ ਵੱਧ ACTIVE ਮਾਮਲੇ ਸਾਹਮਣੇ ਆਏ ਨੇ। ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਮੁਤਾਬਿਕ, ਕੇਰਲ ਵਿੱਚ ਸਭ ਤੋਂ ਵੱਧ 1 ਹਜ਼ਾਰ 435 ਮਾਮਲੇ ਦਰਜ ਕੀਤੇ ਗਏ ਨੇ। ਇਸ ਤੋਂ ਬਾਅਦ ਮਹਾਰਾਸ਼ਟਰ ਵਿੱਚ 506 ਅਤੇ ਦਿੱਲੀ ਵਿੱਚ 483 ਮਾਮਲੇ ਸਾਹਮਣੇ ਆਏ ਨੇ। ਦੇਸ਼ ਭਰ ਵਿੱਚ ਕਰੋਨਾ ਦੇ ਵੱਧ ਰਹੇ ਮਾਮਲਿਆਂ ਨੂੰ ਲੈ ਕੇ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹੈ ਕਿ ਸਭ ਤੋਂ ਪਹਿਲਾਂ ਅਹਿਤਿਆਤ ਵਰਤਣ ਦੀ ਲੋੜ ਏ। ਉਹਨਾਂ ਕਿਹਾ ਸਿਹਤ ਵਿਭਾਗ ਵੱਲੋਂ ਇਸ ਨੂੰ ਲੈ ਕੇ ਪੁਖ਼ਤਾ ਪ੍ਰਬੰਧ ਕੀਤੇ ਗਏ ਨੇ। ਪੰਜਾਬ ਵਿੱਚ ਜਿਹੜੇ ਕੇਸ ਸਾਹਮਣੇ ਆ ਰਹੇ ਨੇ, ਉਹ ਵੀ ਦੇਸ਼ ਦੇ ਹੋਰ ਹਿੱਸਿਆਂ ਦੇ ਬਾਅਦ ਦੇਖਣ ਨੂੰ ਮਿਲੇ ਨੇ ਤੇ ਪੰਜਾਬ ਵਿੱਚ ਅਜਿਹੇ ਕੇਸ ਆਪਸੀ ਸੰਪਰਕ ਵਿੱਚੋਂ ਹੀ ਨਿਕਲੇ ਨੇ। ਇਨ੍ਹਾਂ ਸੰਪਰਕਾਂ ਦਾ ਸਿਹਤ ਵਿਭਾਗ ਵੱਲੋਂ ਪਤਾ ਲਾਇਆ ਜਾ ਰਿਹਾ ਏ ਤੇ ਮਰੀਜ਼ਾਂ ਨੂੰ ਕੁਆਰਨਟਾਈਨ ਕੀਤਾ ਜਾ ਰਿਹਾ ਏ। ਉਹਨਾਂ ਕਿਹਾ ਕਿ ਕਰੋਨਾ ਤੋਂ ਭੈਭੀਤ ਹੋਣ ਦੀ ਲੋੜ ਨਹੀਂ, ਫਿਰ

ਵੀ ਗਰਭਵਤੀਆਂ, ਬਜ਼ੁਰਗਾਂ ਤੇ ਡਾਇਲਸਿਸ ਤੋਂ ਪ੍ਰਭਾਵਿਤ ਵਿਅਕਤੀਆਂ ਨੂੰ ਵਧੇਰੇ ਧਿਆਨ ਰੱਖਣ ਦੀ ਲੋੜ ਏ । ਜਿਸ ਨੂੰ ਵੀ ਖਾਂਸੀ, ਜ਼ੁਕਾਮ, ਬੁਖਾਰ ਦੀ ਸ਼ਿਕਾਇਤ ਏ, ਉਹ ਆਪਣਾ ਟੈਸਟ ਕਰਵਾਉਣ ।

----------------------------------------------------

ਚੰਡੀਗੜ੍ਹ ਵਿੱਚ, ਲੋਕਾਂ ਵਲੋਂ ''ਆਪ੍ਰੇਸ਼ਨ ਸਿੰਦੂਰ'' ਦੇ ਨਾਇਕਾਂ ਪ੍ਰਤੀ ਧੰਨਵਾਦ ਪ੍ਰਗਟਾਉਣ ਅਤੇ ਪਹਿਲਗਾਮ ਵਿੱਚ ਹੋਏ ਦਹਿਸ਼ਤਗਰਦੀ ਹਮਲੇ ਵਿੱਚ ਮਾਰੇ ਗਏ ਲੋਕਾਂ ਦੀ ਯਾਦ ਵਿੱਚ ਇੱਕ ਇਕੱਠ ਕੀਤਾ ਗਿਆ।

ਕੱਲ੍ਹ ਸ਼ਾਮ, ਚੰਡੀਗੜ੍ਹ ਦੇ ਨਾਗਰਿਕਾਂ, ਸ਼ਹੀਦਾਂ ਦੇ ਪਰਿਵਾਰਾਂ ਅਤੇ ਹੋਰਾਂ ਨੇ 'ਸਿੰਦੂਰ ਕਾ ਸੰਦੇਸ਼ - ਨਾ ਭੂਲੇਂਗੇ, ਨਾ ਮਾਫ਼ ਕਰੇਂਗੇ' ਨਾਂ ਵਾਲੀ ਇੱਕ ਸ਼ਰਧਾਂਜਲੀ ਸਭਾ ਕਰਕੇ ਸ਼ਾਂਤੀਪੂਰਨ ਢੰਗ ਨਾਲ ਰਾਸ਼ਟਰੀ ਏਕਤਾ ਦਾ ਪ੍ਰਗਟਾਵਾ ਕੀਤਾ। ਇਸ ਸਮਾਗਮ ਵਿੱਚ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਸ਼ਿਰਕਤ ਕੀਤੀ। ਹਮਲੇ ਵਿਚ ਮਾਰੇ ਗਏ ਲੋਕਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ, ਉਨ੍ਹਾਂ ਕਿਹਾ ਕਿ 'ਆਪ੍ਰੇਸ਼ਨ ਸਿੰਦੂਰ' ਸਾਡੇ ਦੇਸ਼ ਦਾ ਠੋਸ ਜਵਾਬ ਸੀ। ਉਨ੍ਹਾਂ ਨੇ ਇਹ ਵੀ ਕਿਹਾ ਕਿ, ਇਹ ਬਦਲਾ ਨਹੀਂ - ਨਿਆਂ ਸੀ। ਰਾਜਪਾਲ ਨੇ ਸਾਰਿਆਂ ਨੂੰ ਸਹੁੰ ਚੁਕਾਈ ਅਤੇ ਦਹਿਸ਼ਤਗਰਦੀ ਵਿਰੁੱਧ ਇੱਕਜੁੱਟ ਹੋਣ ਦੇ ਅਹਿਦ ਨੂੰ ਦੁਹਰਾਇਆ। ਸੈਕਟਰ 17 ਪਲਾਜ਼ਾ

ਵਿਖੇ ਇਕੱਠੇ ਹੋਏ ਹਜ਼ਾਰਾਂ ਲੋਕਾਂ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਲਈ ਮੌਨ ਰੱਖਿਆ। ਸਿਵਲ ਅਤੇ ਰੱਖਿਆ ਖੇਤਰਾਂ ਦੇ ਪਤਵੰਤੇ ਵੀ ਇਸ ਮੌਕੇ ਸ਼ਾਮਲ ਹੋਏ।

---------------------------------------------------------------

ਬੀ.ਜੇ.ਪੀ. ਦੇ ਸੀਨੀਅਰ ਆਗੂ ਅਤੇ ਰਾਸ਼ਟਰੀ ਜਨਰਲ ਸਕੱਤਰ ਸ਼ਵੇਤ ਮਲਿਕ ਨੇ ਕਿਹੈ ਕਿ ਪੰਜਾਬ ਦੇ ਹਰ ਪਿੰਡ ਅਤੇ ਸ਼ਹਿਰ ਵਿੱਚ ਵਿਕ ਰਹੇ ਨਸ਼ੇ ਇਸ ਗੱਲ ਦਾ ਸਬੂਤ ਨੇ ਕਿ ਸੂਬਾ ਸਰਕਾਰ ਪੰਜਾਬ ਨੂੰ ਨਸ਼ਾ ਮੁਕਤ ਕਰਨ ਦਾ ਵਾਅਦਾ ਨਿਭਾਉਣ ਵਿਚ ਨਾਕਾਮਯਾਬ ਰਹੀ ਏ। ਬੀਤੇ ਕੱਲ੍ਹ ਜਲੰਧਰ ਵਿੱਚ ਭਾਜਪਾ ਦੇ ਸਥਾਨਕ ਨੇਤਾਵਾਂ ਸਮੇਤ ਮੀਡੀਆ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵੱਡੇ ਨਸ਼ਾ ਸੌਦਾਗਰਾਂ ਵਿਰੁੱਧ ਕਾਰਵਾਈ ਨਾ ਕਰਨਾ ਸ਼ੱਕ ਪੈਦਾ ਕਰਦਾ ਏ। ਉਨ੍ਹਾਂ ਕਿਹਾ ਕਿ ਹਰ ਕੋਈ ਜਾਣਦਾ ਏ ਕਿ ਕੋਰੋਨਾ ਦੌਰਾਨ ਨਸ਼ਿਆਂ ਦੀ ਸਪਲਾਈ ਚੇਨ ਟੁੱਟ ਗਈ ਸੀ, ਜਿਸ ਕਾਰਨ ਦਵਾਈਆਂ ਲੈਣ ਲਈ ਹਰ ਜ਼ਿਲ੍ਹੇ ਵਿੱਚ ਨਸ਼ਾ ਛੁਡਾਊ ਕੇਂਦਰਾਂ ਦੇ ਬਾਹਰ ਲੰਮੀਆਂ ਕਤਾਰਾਂ ਲੱਗੀਆਂ ਸਨ ਪਰ ਇਕ ਮਾਰਚ, 2025 ਤੋਂ ਸ਼ੁਰੂ ਹੋਈ ਨਸ਼ਿਆਂ ਵਿਰੁੱਧ ਜੰਗ ਦੌਰਾਨ ਨਸ਼ਾ ਛੁਡਾਊ ਕੇਂਦਰਾਂ ਦੇ ਬਾਹਰ ਅਜਿਹੀਆਂ ਕਤਾਰਾਂ ਦਿਖਾਈ ਨਹੀਂ ਦਿੱਤੀਆਂ। ਇਸ ਦਾ ਸਪੱਸ਼ਟ ਮਤਲਬ ਏ ਕਿ ਪੰਜਾਬ ਸਰਕਾਰ ਦੀ

ਮੁਹਿੰਮ ਸਿਰਫ਼ ਇਸ਼ਤਿਹਾਰਾਂ, ਪ੍ਰੋਗਰਾਮਾਂ ਅਤੇ ਖ਼ਬਰਾਂ ਤੱਕ ਸੀਮਤ ਰਹਿ ਗਈ ਏ। ਇਹ ਇੱਕ ਸਿਆਸੀ ਸਟੰਟ ਸਾਬਤ ਹੋਇਆ ਏ ਅਤੇ ਇਸ ਦਾ ਕੋਈ ਅਸਰ ਨਹੀਂ ਹੋਇਆ ਤੇ ਨਾ ਹੀ ਕੋਈ ਡਰੱਗ ਸਪਲਾਈ ਚੇਨ ਟੁੱਟੀ ਏ। ਇਸ ਮੌਕੇ ਉਨ੍ਹਾਂ ਨਾਲ ਸਾਬਕਾ ਮੰਤਰੀ ਮਨੋਰੰਜਨ ਕਾਲੀਆ, ਸੂਬਾ ਬੀ.ਜੇ.ਪੀ. ਜਨਰਲ ਸਕੱਤਰ ਰਾਕੇਸ਼ ਰਾਠੌਰ ਅਤੇ ਹੋਰ ਮੌਜੂਦ ਸਨ ।

----------------------------------------------------------------

ਪੰਜਾਬ ਵਿੱਚ ਔਰਤਾਂ ਲਈ ਇੱਕ ਸੁਰੱਖਿਅਤ, ਹਿੱਸੇਦਾਰੀ ਭਰਪੂਰ ਅਤੇ ਸ਼ਕਤੀਕਰਨ ਵਾਲੇ ਮਾਹੌਲ ਨੂੰ ਹੁਲਾਰਾ ਦੇਣ ਦੀ ਵਚਨਬੱਧਤਾ ਮੁਤਾਬਿਕ ਪੰਜਾਬ ਰਾਜ ਮਹਿਲਾ ਕਮਿਸ਼ਨ ਨੇ ਬਹੁਤ ਛੋਟੇ, ਛੋਟੇ ਤੇ ਦਰਮਿਆਨੇ ਉਦਮਾਂ ਨੂੰ ਉਤਸ਼ਾਹਤ ਕਰਨ ਬਾਰੇ ਭਾਰਤੀ ਕੌਂਸਲ ਦੇ ਸਹਿਯੋਗ ਨਾਲ ਕੱਲ "ਐਮਪਾਵਰ-ਹਰ ਪੰਜਾਬ ਪਹਿਲਕਦਮੀ" ਦੀ ਸ਼ੁਰੂਆਤ ਕੀਤੀ। ਇਸ ਦਾ ਉਦੇਸ਼ ਰਾਜ ਭਰ ਵਿੱਚ ਮਹਿਲਾਵਾਂ ਅਤੇ ਸਵੈ-ਸਹਾਇਤਾ ਸਮੂਹਾਂ ਲਈ ਵੱਖ ਵੱਖ ਖੇਤਰਾਂ ਵਿੱਚ ਬਦਲਾਅ ਲਿਆ ਕੇ ਸਹਿਯੋਗ ਦੇਣਾ ਏ। ਇਸ ਬਾਰੇ ਜਾਣਕਾਰੀ ਦਿੰਦਿਆਂ ਕਮਿਸ਼ਨ ਦੇ ਚੇਅਰਪਰਸਨ ਸ਼੍ਰੀਮਤੀ ਰਾਜ ਲਾਲੀ ਗਿੱਲ ਨੇ ਕਿਹਾ ਕਿ ਇਹ ਪਹਿਲਕਦਮੀ ਉੱਦਮਤਾ, ਨਵੀਨਤਾ ਅਤੇ ਸਵੈ-ਸਹਾਇਤਾ ਸਮੂਹ ਸ਼ਕਤੀਕਰਨ ਨੂੰ ਉਤਸ਼ਾਹਿਤ ਕਰਨ ਲਈ ਇੱਕ ਮਹੱਤਵਪੂਰਨ ਭਾਈਵਾਲੀ ਦੀ ਸ਼ੁਰੂਆਤ

ਏ।"ਐਮਪਾਵਰ-ਹਰ ਪੰਜਾਬ" ਦੇ ਮੁੱਖ ਉਦੇਸ਼ਾਂ ਨੂੰ ਸੂਚੀਬੱਧ ਕਰਦੇ ਹੋਏ ਸ਼੍ਰੀਮਤੀ ਗਿੱਲ ਨੇ ਕਿਹਾ ਕਿ ਸਾਂਝੀ ਪਹਿਲਕਦਮੀ ਦਾ ਉਦੇਸ਼ ਮਹਿਲਾਵਾਂ ਵਿੱਚ ਸਿਹਤ, ਮਾਨਸਿਕ ਤੰਦਰੁਸਤੀ ਅਤੇ ਸਮਾਜਿਕ ਲੀਡਰਸ਼ਿਪ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਏ। ਇਸੇ ਤਰ੍ਹਾਂ, ਸਮਰੱਥਾ ਨਿਰਮਾਣ ਅਤੇ ਵਸੀਲਿਆਂ ਤੱਕ ਪਹੁੰਚ ਰਾਹੀਂ ਸਵੈ-ਸਹਾਇਤਾ ਸਮੂਹਾਂ ਲਈ ਸਹਾਇਤਾ ਪ੍ਰਣਾਲੀਆਂ ਨੂੰ ਮਜ਼ਬੂਤ ਕਰਨਾ ਅਤੇ ਆਰਥਿਕ ਗਤੀਵਿਧੀਆਂ ਅਤੇ ਨੀਤੀ ਲਾਗੂ ਕਰਨ ਵਿੱਚ ਮਹਿਲਾਵਾਂ ਦੀ ਹਿੱਸੇਦਾਰੀ ਨੂੰ ਉਤਸ਼ਾਹਿਤ ਕਰਨਾ ਵੀ ਸਹਿਯੋਗ ਦਾ ਹਿੱਸਾ ਹੋਵੇਗਾ ।

-------------------------------------------------------

IPL ਕ੍ਰਿਕੇਟ ਵਿੱਚ, ਬੀਤੀ ਰਾਤ ਅਹਿਮਦਾਬਾਦ ਦੇ ਨਰੇਂਦਰ ਮੋਦੀ ਸਟੇਡੀਅਮ ਵਿੱਚ ਹੋਏ ਦੂਜੇ ਕੁਆਲੀਫਾਇਰ ਵਿੱਚ, ਪੰਜਾਬ ਗਜ਼, ਮੁੰਬਈ ਇੰਡੀਅਨਜ਼ ਨੂੰ 5 ਵਿਕਟਾਂ ਨਾਲ ਹਰਾ ਕੇ ਫਾਈਨਲ ਵਿੱਚ ਪਹੁੰਚ ਗਈ ਏ। ਮੁੰਬਈ ਇੰਡੀਅਨਜ਼ ਵੱਲੋਂ ਦਿੱਤੇ ਗਏ 204 ਦੌੜਾਂ ਦੇ ਟੀਚੇ ਦਾ ਪਿੱਛਾ ਕਰਦਿਆਂ, ਪੰਜਾਬ ਕਿੰਗਜ਼ ਨੇ ਇੱਕ ਓਵਰ ਬਾਕੀ ਰਹਿੰਦਿਆਂ ਪੰਜ ਵਿਕਟਾਂ 'ਤੇ 207 ਦੌੜਾਂ ਬਣਾ ਕੇ ਹੀ ਜਿੱਤ ਹਾਸਿਲ ਕਰ ਲਈ। ਪੰਜਾਬ ਕਿੰਗਜ਼ ਦੇ ਕਪਤਾਨ ਸ਼੍ਰੇਅਸ ਅਈਅਰ ਨੇ ਸਭ ਤੋਂ ਵੱਧ 87 ਦੌੜਾਂ ਜਦੋਂਕਿ ਨੇਹਾਲ ਵਢੇਰਾ ਨੇ 48 ਦੌੜਾਂ ਬਣਾਈਆਂ। ਮੁੰਬਈ ਇੰਡੀਅਨਜ਼

ਲਈ, ਅਸ਼ਵਨੀ ਕੁਮਾਰ ਨੇ ਦੋ ਵਿਕਟਾਂ ਲਈਆਂ। ਇਸ ਜਿੱਤ ਨਾਲ ਹੁਣ ਪੰਜਾਬ ਕਿੰਗਜ਼ ਭਲਕੇ ਅਹਿਮਦਾਬਾਦ ਵਿੱਚ ਹੋਣ ਵਾਲੇ ਫਾਈਨਲ ਵਿੱਚ, ਰਾਇਲ ਚੈਲੇਂਜਰਜ਼ ਬੈਂਗਲੁਰੂ ਖਿਲਾਫ ਖੇਡੇਗਾ ਅਤੇ IPL ਦਾ ਆਪਣਾ ਪਹਿਲਾ ਖਿਤਾਬ ਜਿੱਤਣ ਦੀ ਕੋਸ਼ਿਸ਼ ਕਰੇਗਾ।

-------------------------------------------------------------------

**ਇਸਦੇ ਨਾਲ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,**
**ਪ੍ਰਦੇਸ਼ਕ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7**
**ਵੱਜਕੇ 30 ਮਿੰਟ 'ਤੇ ਨਮਸਕਾਰ !**